**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ) ਪੰਜਾਬ**

ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਈ-ਬਲਾਕ, ਚੌਥੀ ਮੰਜ਼ਿਲ, ਫੇਜ਼-8, ਐਸ.ਏ.ਐਸ. ਨਗਰ

(ਸੈਕੰਡਰੀ ਸਿੱਖਿਆ ਸ਼ਾਖਾ)

ਵੱਲ,

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ),
ਪੰਜਾਬ।

ਮੀਮੋ ਨੰ:- DPISE - SEDU/SPL/2021355341
ਮਿਤੀ: S.A.S. NAGAR 1/11/2021

ਵਿਸ਼ਾ:- **ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ ਵੱਲੋਂ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ, ਪੰਜਾਬ ਵਿੱਚ ਵਾਰਡ ਅਟੈਂਡੈਂਟ ਦਾ ਸਿਲੈਕਸ਼ਨ ਟੈਸਟ ਮਿਤੀ 14.11.2021 ਨੂੰ ਕਰਵਾਉਣ ਸਬੰਧੀ।**

ਹਵਾਲਾ:- ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ ਦੇ ਪੱਤਰ ਨੰ: 1231 ਮਿਤੀ 29.10.2021 ਅਤੇ ਪੱਤਰ ਨੰ: 22473 ਮਿਤੀ 01.11.2021 ਦੇ ਸਬੰਧ ਵਿੱਚ।

1.0 ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰਾਂ ਦੀ ਕਾਪੀ ਨਾਲ ਨੱਥੀ ਕਰਕੇ ਆਪ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਵਾਰਡ ਅਟੈਂਡੈਂਟਾਂ ਦਾ ਸਿਲੈਕਸ਼ਨ ਟੈਸਟ ਮਿਤੀ 14.11.2021 ਦਿਨ ਐਤਵਾਰ ਨੂੰ ਪੰਜਾਬ ਰਾਜ ਦੇ ਸਰਕਾਰੀ/ ਪ੍ਰਾਈਵੇਟ ਸਕੂਲਾਂ ਵਿੱਚ ਕਰਵਾਇਆ ਜਾ ਰਿਹਾ ਹੈ।

2.0 ਇਸ ਟੈਸਟ ਨੂੰ ਮੁਕੰਮਲ ਕਰਵਾਉਣ ਲਈ ਸਮੂਹ ਜਿਲ੍ਹਿਆਂ ਵੱਲੋਂ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ ਨੂੰ ਪੂਰਨ ਸਹਿਯੋਗ ਦਿੱਤਾ ਜਾਵੇ। ਇਸ ਦੇ ਨਾਲ ਇਹ ਵੀ ਧਿਆਨ ਵਿੱਚ ਰੱਖਿਆ ਜਾਵੇ ਕਿ ਇਸ ਸਰਕਾਰੀ/ ਪ੍ਰਾਈਵੇਟ ਸਕੂਲ ਵਿੱਚ ਇਹ ਟੈਸਟ ਕਰਵਾਇਆ ਜਾਣਾ ਹੈ, ਉਸ ਸਰਕਾਰੀ/ ਪ੍ਰਾਈਵੇਟ ਸਕੂਲ ਵਿੱਚ ਉਸੇ ਸਕੂਲ ਨਾਲ ਸਬੰਧਤ ਸਟਾਫ ਦੀ ਡਿਊਟੀ ਹੀ ਟੈਸਟ ਕਰਵਾਉਣ ਲਈ ਲਗਾਈ ਜਾਵੇ।

ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ),
ਪੰਜਾਬ।